# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 22-05-2025**

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਵਾਲੀ ਈ-ਮੇਲ ਮਿਲਣ ਮਗਰੋਂ ਹਾਈ ਕੋਰਟ ਬਾਰ ਐਸੋਸੀਏਸ਼ਨ ਦੇ ਆਨਰੇਰੀ ਸੈਕਟਰੀ ਗਗਨਦੀਪ ਜੰਮੂ ਦੇ ਇਕ ਸੰਦੇਸ਼ ਮੁਤਾਬਿਕ ਅਦਾਲਤ ਦੇ ਸਾਰੇ ਮੈਂਬਰਾਂ ਨੂੰ ਚੌਕਸ ਰਹਿਣ ਲਈ ਕਿਹਾ ਗਿਆ ਏ। ਉਨ੍ਹਾਂ ਨਾਲ ਹੀ ਕਿਹਾ ਏ ਕਿ ਜੇਕਰ ਅਦਾਲਤ ਵਿਚ ਕੋਈ ਸ਼ੱਕੀ ਵਸਤੂ ਮਿਲਦੀ ਏ ਤਾਂ ਉਸ ਬਾਰੇ ਤੁਰੰਤ ਬਾਰ ਐਸੋਸੀਏਸ਼ਨ ਦੇ ਦਫਤਰ ਵਿਚ ਜਾਣਕਾਰੀ ਦਿੱਤੀ ਜਾਵੇ। ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸਰਤੇਜ ਸਿੰਘ ਨਰੂਲਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ

**Byte**

ਇਸ ਦੇ ਨਾਲ ਹੀ ਸਾਰੇ ਮੈਂਬਰਾਂ ਨੂੰ ਅਦਾਲਤਾਂ ਨੂੰ ਅਹਿਤਿਆਤ ਵਜੋਂ ਤੁਰੰਤ ਖਾਲੀ ਕਰਨ ਲਈ ਵੀ ਕਿਹਾ ਗਿਆ ਏ। ਨੋਟਿਸ ਮੁਤਾਬਿਕ ਅਦਾਲਤ ਦੀਆਂ ਕਾਰਵਾਈਆਂ ਮੁੜ ਦੋ ਵਜੇ ਸ਼ੁਰੂ ਹੋਣਗੀਆਂ ।

--------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰਾਜਸਥਾਨ ਦੇ ਬੀਕਾਨੇਰ ਵਿੱਚ **ਦੇਸ਼ਨੋਕ** ਰੇਲਵੇ ਸਟੇਸ਼ਨ ਦਾ ਉਦਘਾਟਨ ਕੀਤਾ ਅਤੇ ਬੀਕਾਨੇਰ-ਮੁੰਬਈ ਐਕਸਪ੍ਰੈਸ ਟ੍ਰੇਨ ਨੂੰ ਵੀ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਰਾਜਸਥਾਨ ਦੇ ਬੀਕਾਨੇਰ ਨੇੜੇ ਦੇਸ਼ਨੋਕ ਵਿੱਚ ਪ੍ਰਸਿੱਧ ਕਰਨੀ ਮਾਤਾ ਮੰਦਰ ਪੁੱਜੇ ਤੇ ਪੂਜਾ ਕੀਤੀ। ਇਸ ਦੌਰੇ ਦੌਰਾਨ, ਪ੍ਰਧਾਨ ਮੰਤਰੀ ਪਲਾਨਾ ਵਿੱਚ ਲਗਭਗ 26 ਹਜ਼ਾਰ ਕਰੋੜ ਰੁਪਏ ਦੀ ਲਾਗਤ ਵਾਲੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣਗੇ, ਉਦਘਾਟਨ ਕਰਨਗੇ ਅਤੇ ਦੇਸ਼ ਨੂੰ ਸਮਰਪਿਤ ਕਰਨਗੇ। ਇਨ੍ਹਾਂ ਵਿੱਚ ਰੇਲਵੇ ਬਿਜਲੀਕਰਨ, ਸੜਕੀ ਬੁਨਿਆਦੀ ਢਾਂਚੇ ਅਤੇ ਸਾਫ਼ ਊਰਜਾ ਦੇ ਕਈ ਮਹੱਤਵਪੂਰਨ ਪ੍ਰੋਜੈਕਟ ਸ਼ਾਮਲ ਨੇ। ਪ੍ਰਧਾਨ ਮੰਤਰੀ ਦੇਸ਼ ਦੇ 18 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 86 ਜ਼ਿਲ੍ਹਿਆਂ ਵਿੱਚ

1,100 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ 103 ਮੁੜ ਵਿਕਸਤ ਅੰਮ੍ਰਿਤ ਸਟੇਸ਼ਨਾਂ ਦਾ ਵਰਚੁਅਲੀ ਉਦਘਾਟਨ ਕਰਨਗੇ। ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਦੇ ਤਹਿਤ 1,300 ਤੋਂ ਵੱਧ ਸਟੇਸ਼ਨਾਂ ਨੂੰ ਆਧੁਨਿਕ ਸਹੂਲਤਾਂ ਨਾਲ ਮੁੜ ਵਿਕਸਤ ਕੀਤਾ ਜਾ ਰਿਹਾ ਐ, ਜੋ ਖੇਤਰੀ ਆਰਕੀਟੈਕਚਰ ਨੂੰ ਦਰਸਾਉਣ ਅਤੇ ਯਾਤਰੀ ਸਹੂਲਤਾਂ ਨੂੰ ਵਧਾਉਣ ਲਈ ਤਿਆਰ ਕੀਤੇ ਗਏ ਨੇ। ਦੇਸ਼ ਭਰ ਵਿੱਚ ਮੁੜ ਵਿਕਸਤ ਕੀਤੇ ਗਏ ਅੰਮ੍ਰਿਤ ਸਟੇਸ਼ਨ ਤੇ ਆਧੁਨਿਕ ਬੁਨਿਆਦੀ ਢਾਂਚੇ ਨੂੰ ਸੱਭਿਆਚਾਰਕ ਵਿਰਾਸਤ, ਯਾਤਰੀ-ਕੇਂਦ੍ਰਿਤ ਸਹੂਲਤਾਂ ਸਮੇਤ ਦਿਵਯਾਂਗਜਨਾਂ ਲਈ ਸਹੂਲਤਾਂ ਦਾ ਵਿਸਥਾਰ ਕੀਤਾ ਜਾ ਰਿਹਾ ਏ।

-----------------------------------------------------------

ਡੀ.ਐਮ.ਕੇ. ਸੰਸਦ ਮੈਂਬਰ ਕਨੀਮੋਝੀ ਕਰੁਣਾਨਿਧੀ ਦੀ ਅਗਵਾਈ ਹੇਠ ਤੀਜਾ ਸਰਬ ਪਾਰਟੀ ਵਫ਼ਦ ਪਾਕਿਸਤਾਨ ਦੀ ਹਮਾਇਤ ਵਾਲੀ ਦਹਿਸ਼ਤਗਰਦੀ ਦਾ ਪਰਦਾਫਾਸ਼ ਕਰਨ ਅਤੇ ਆਪ੍ਰੇਸ਼ਨ ਸਿੰਦੂਰ 'ਤੇ ਵਿਸ਼ਵ ਭਾਈਚਾਰੇ ਨੂੰ ਭਰੋਸੇ ਵਿੱਚ ਲੈਣ ਲਈ ਪੰਜ ਦੇਸ਼ਾਂ ਦੇ ਦੌਰੇ ਲਈ ਰਵਾਨਾ ਹੋ ਗਿਆ ਏ। ਇਹ ਵਫ਼ਦ

ਸਪੇਨ, ਗ੍ਰੀਸ, ਸਲੋਵੇਨੀਆ, ਲਾਤਵੀਆ ਅਤੇ ਰੂਸ ਦਾ ਦੌਰਾ ਕਰੇਗਾ। ਰਵਾਨਾ ਹੋਣ ਤੋਂ ਪਹਿਲਾਂ, ਕਨੀਮੋਝੀ ਕਰੁਣਾਨਿਧੀ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼ ਦੁਨੀਆ ਨੂੰ ਇਹ ਦੱਸਣਾ ਏ ਕਿ ਦਹਿਸ਼ਤਗਰਦੀ ਕਾਰਨ ਭਾਰਤ ਵਿੱਚ ਕਈ ਲੋਕਾਂ ਦੀ ਜਾਨ ਗਈ ਏ ਅਤੇ ਦੁਨੀਆ ਦਾ ਕੋਈ ਵੀ ਦੇਸ਼ ਅਜਿਹੀ ਬੁਰਾਈ ਦੇ ਸਾਹਮਣੇ ਚੁੱਪ ਨਹੀਂ ਰਹੇਗਾ। ਦਹਿਸ਼ਤਗਰਦੀ ਵਿਰੁੱਧ ਲੜਾਈ ਵਿੱਚ ਸਾਰਿਆਂ ਨੂੰ ਇਕੱਠੇ ਹੋਣਾ ਪਵੇਗਾ। ਪਾਕਿਸਤਾਨ ਦੇ ਨਾਪਾਕ ਇਰਾਦਿਆਂ ਅਤੇ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਸਫਲ ਮੁਹਿੰਮ ਬਾਰੇ ਕੌਮਾਂਤਰੀ ਭਾਈਚਾਰੇ ਨੂੰ ਜਾਣੂ ਕਰਵਾਉਣ ਲਈ ਸੱਤ ਬਹੁ-ਪਾਰਟੀ ਵਫ਼ਦ ਬਣਾਏ ਗਏ ਨੇ। ਆਉਣ ਵਾਲੇ ਦਿਨਾਂ ਵਿੱਚ ਚਾਰ ਹੋਰ ਵਫ਼ਦ ਵੀ ਵੱਖ-ਵੱਖ ਦੇਸ਼ਾਂ ਲਈ ਰਵਾਨਾ ਹੋਣਗੇ। ਵਿਦੇਸ਼ ਸਕੱਤਰ ਵਿਕਰਮ ਮਿਸਰੀ ਅੱਜ ਵਫ਼ਦਾਂ ਨਾਲ ਗੱਲਬਾਤ ਕਰਨਗੇ ।

------------------------------------------------------------

ਪੰਜਾਬ ਸਰਕਾਰ ਨੇ ਸਬ ਡਿਵੀਜ਼ਨ ਕਪੂਰਥਲਾ ਵਿੱਚ ਕੱਲ੍ਹ 23 ਮਈ ਨੂੰ ਛੁੱਟੀ ਦਾ ਐਲਾਨ ਕੀਤਾ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਨੋਟੀਫਿਕੇਸ਼ਨ ਅਨੁਸਾਰ ਇਹ ਛੁੱਟੀ

ਮਾਤਾ ਭੱਦਰਕਾਲੀ ਜੀ ਦੇ ਇਤਿਹਾਸਕ ਮੇਲੇ ਸ਼ੇਖੂਪੁਰ ਦੇ ਮੌਕੇ ’ਤੇ ਸਬ ਡਵੀਜ਼ਨ ਕਪੂਰਥਲਾ ਵਿੱਚ ਪੈਂਦੇ ਸਾਰੇ ਸਰਕਾਰੀ ਅਦਾਰਿਆਂ, ਨਿਗਮਾਂ, ਬੋਰਡਾਂ ਅਤੇ ਵਿਦਿਅਕ ਅਦਾਰਿਆਂ, ਜਿਨ੍ਹਾਂ ਵਿੱਚ ਪੇਪਰ ਹੋ ਰਹੇ ਨੇ, ਨੂੰ ਛੱਡ ਕੇ ਅਤੇ ਹੋਰ ਸਰਕਾਰੀ ਸੰਸਥਾਵਾਂ ਵਿੱਚ ਸਥਾਨਕ ਛੁੱਟੀ ਐਲਾਨੀ ਗਈ ਏ।

-------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹੈ ਕਿ ਸੂਬਾ ਸਰਕਾਰ ਪਿੰਡਾਂ ਦੇ ਸਰਬਪੱਖੀ  ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ ਅਤੇ ਇਸ ਉਦੇਸ਼ ਨੂੰ ਪ੍ਰਾਪਤ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ। ਘਨੌਰੀ ਕਲਾਂ, ਘਨੌਰ ਖੁਰਦ, ਕਾਤਰੋਂ ਅਤੇ ਚੰਗਾਲੀ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨ ਤੋਂ ਬਾਅਦ ਲੋਕਾਂ ਨਾਲ ਗੱਲਬਾਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸਾਰੇ ਸਰਕਾਰੀ ਵਿਭਾਗ ਇਕ ਦੂਜੇ ਨਾਲ ਮਿਲ ਕੇ ਪੇਂਡੂ ਵਸੋਂ ਦੀ ਭਲਾਈ ਲਈ ਕੰਮ ਕਰ ਰਹੇ ਨੇ। ਉਨ੍ਹਾਂ ਨੇ ਦੁਹਰਾਇਆ ਕਿ ਪੰਜਾਬ, ਪਿੰਡਾਂ ਵਿੱਚ ਵੱਸਦਾ ਏ ਅਤੇ ‘ਰੰਗਲੇ ਪੰਜਾਬ’ ਦਾ ਸੁਪਨਾ ਉਦੋਂ ਹੀ ਸਾਕਾਰ ਹੋ ਸਕਦਾ ਏ, ਜਦੋਂ ਪਿੰਡ ਸਾਫ-

ਸੁਥਰੇ ਅਤੇ ਹਰੇ-ਭਰੇ ਹੋਣ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਸ ਖੇਤਰ ਵੱਲ ਪਹਿਲਾਂ ਤੋਂ ਹੀ ਵਿਸ਼ੇਸ਼ ਧਿਆਨ ਦੇ ਰਹੀ ਏ। ਉਨ੍ਹਾਂ ਕਿਹਾ ਕਿ ਧੂਰੀ ਨੂੰ ਸਰਬਪੱਖੀ ਵਿਕਾਸ ਰਾਹੀਂ ਮਾਡਲ ਸਹਿਰ ਵਜੋਂ ਤਿਆਰ ਕੀਤਾ ਜਾਵੇਗਾ ਅਤੇ ਇਸ ਲਈ ਉਚਿਤ ਫੰਡ ਮੁਹੱਈਆ ਕਰਵਾਏ ਜਾ ਰਹੇ ਨੇ। ਉਨ੍ਹਾਂ ਕਿਹਾ ਕਿ ਇਸ ਸਹਿਰ ਵਿੱਚ ਜਲਦ ਹੀ ਵਿਸਵ-ਪੱਧਰੀ ਸਿਹਤ ਅਤੇ ਸਿੱਖਿਆ ਸਹੂਲਤਾਂ, ਚੰਗੀਆਂ ਸੜਕਾਂ, ਸਾਫ ਤਲਾਬ ਅਤੇ ਨਹਿਰਾਂ ਰਾਹੀਂ ਸਿੰਚਾਈ ਦੀ ਸਹੂਲਤ ਹੋਵੇਗੀ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕੇ ਦੇ ਪਿੰਡਾਂ ਦੇ ਸੰਪੂਰਨ ਵਿਕਾਸ ਲਈ ਵੱਡੇ ਪੈਮਾਨੇ ’ਤੇ ਯਤਨ ਕੀਤੇ ਗਏ ਨੇ।

----------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਅਕਾਦਮਿਕ ਖੇਤਰ ਵਿੱਚ ਮਾਰੀਆਂ ਮੱਲਾਂ ਦਾ ਜਸ਼ਨ ਮਨਾਉਣ ਅਤੇ ਉਨ੍ਹਾਂ ਵਿੱਚ ਲੀਡਰਸ਼ਿਪ ਦੇ ਗੁਣ ਪੈਦਾ ਕਰਨ ਲਈ ਅਹਿਮ ਕਦਮ ਚੁੱਕਦਿਆਂ ਸੂਬਾ ਸਰਕਾਰ ਨੇ ਨਿਵੇਕਲੀ ਪਹਿਲਕਦਮੀ "ਇੱਕ

ਦਿਨ, ਡੀ.ਸੀ./ਐਸ.ਐਸ.ਪੀ. ਦੇ ਸੰਗ" ਦੀ ਸ਼ੁਰੂਆਤ ਕੀਤੀ ਏ ਤਾਂ ਜੋ ਇਨ੍ਹਾਂ ਹੋਣਹਾਰ ਨੌਜਵਾਨਾਂ ਨੂੰ ਅਸਲ ਪ੍ਰਸ਼ਾਸਨਿਕ ਕੰਮਕਾਜਾਂ, ਅਨੁਸ਼ਾਸਨ ਅਤੇ ਜਨਤਕ ਸੇਵਾ ਸਬੰਧੀ ਅਰਥਪੂਰਨ ਸੂਝ ਪ੍ਰਦਾਨ ਕੀਤੀ ਜਾ ਸਕੇ। ਇਸ ਪਹਿਲਕਦਮੀ ਬਾਰੇ ਜਾਣਕਾਰੀ ਦਿੰਦਿਆਂ ਮੰਤਰੀ ਨੇ ਦੱਸਿਆ ਕਿ ਇਸ ਪਹਿਲਕਦਮੀ ਤਹਿਤ ਹਰ ਜ਼ਿਲ੍ਹੇ ਦੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ 3-3 (ਕੁੱਲ 6) ਟਾਪਰ ਵਿਦਿਆਰਥੀਆਂ ਆਪਣੇ ਜ਼ਿਲ੍ਹੇ ਦੇ ਸਬੰਧਤ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਨੂੰ ਮਿਲਣਗੇ। ਇਹ ਤਜਰਬਾ ਵਿਦਿਆਰਥੀਆਂ ਨੂੰ ਪ੍ਰਸ਼ਾਸਨ ਅਤੇ ਕਾਨੂੰਨ ਲਾਗੂਕਰਨ ਵਿੱਚ ਨਿਭਾਈਆਂ ਜਾਂਦੀਆਂ ਲੀਡਰਸ਼ਿਪ ਭੂਮਿਕਾਵਾਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਨੂੰ ਸਮਰਪਿਤ ਭਾਵਨਾ, ਸਖ਼ਤ ਮਿਹਨਤ ਅਤੇ ਜ਼ਿੰਮੇਵਾਰੀ ਦਾ ਸਿੱਧਾ ਅਨੁਭਵ ਦੇਵੇਗਾ, ਜਿਸ ਨਾਲ ਉਨ੍ਹਾਂ ਨੂੰ ਜਨਤਕ ਸੇਵਾ ਅਤੇ ਸ਼ਾਸਨ ਵਿੱਚ ਵੱਡਮੁੱਲੀ ਸੂਝ ਮਿਲੇਗੀ। ਸਿੱਖਿਆ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਕਦਮ ਦਾ ਮੁੱਖ ਉਦੇਸ਼ ਹੋਣਹਾਰ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ

ਅਤੇ ਸਮਰੱਥ ਬਣਾਉਣਾ ਏ ਤਾਂ ਜੋ ਉਨ੍ਹਾਂ ਅੰਦਰ ਕੁਝ ਕਰ-ਗੁਜ਼ਰਨ ਅਤੇ ਉਦੇਸ਼ ਪ੍ਰਾਪਤੀ ਦੀ ਚਿਣਗ ਜਾਗੇ।